ਆਸਾ ਮਹਲਾ ੩ ॥ ਸਚਿ ਰਤੀਆ ਸੋਹਾਗਣੀ ਜਿਨਾ ਗੁਰ ਕੈ ਸਬਦਿ ਸੀਗਾਰਿ ॥ ਘਰ ਹੀ ਸੋ ਪਿਰੁ ਪਾਇਆ ਸਚੈ ਸਬਦਿ ਵੀਚਾਰਿ ॥੧॥ ਅਵਗਣ ਗੁਣੀ ਬਖਸਾਇਆ ਹਰਿ ਸਿਉ ਲਿਵ ਲਾਈ ॥ ਹਰਿ ਵਰੁ ਪਾਇਆ ਕਾਮਣੀ ਗੁਰਿ ਮੇਲਿ ਮਿਲਾਈ ॥ ੧॥ ਰਹਾਉ ॥ ਇਕਿ ਪਿਰੁ ਹਦੂਰਿ ਨ ਜਾਣਨੀ ਦੂਜੈ ਭਰਮਿ ਭੁਲਾਇ ॥ ਕਿਉ ਪਾਇਨਿ ਡੋਹਾਗਣੀ ਦੁਖੀ ਰੈਣਿ ਵਿਹਾਇ ॥੨॥ ਜਿਨ ਕੈ ਮਨਿ ਸਚੁ ਵਸਿਆ ਸਚੀ ਕਾਰ ਕਮਾਇ ॥ ਅਨਦਿਨੁ ਸੇਵਹਿ ਸਹਜ ਸਿਉ ਸਚੇ ਮਾਹਿ ਸਮਾਇ ॥ ੩॥ ਦੋਹਾਗਣੀ ਭਰਮਿ ਭੁਲਾਈਆ ਕੂੜੁ ਬੋਲਿ ਬਿਖੁ ਖਾਹਿ ॥ ਪਿਰੁ ਨ ਜਾਣਨਿ ਆਪਣਾ ਸੁੰਞੀ ਸੇਜ ਦੁਖੁ ਪਾਹਿ ॥ ੪॥ ਸਚਾ ਸਾਹਿਬੁ ਏਕੁ ਹੈ ਮਤੁ ਮਨ ਭਰਮਿ ਭੁਲਾਹਿ ॥ ਗੁਰ ਪੂਛਿ ਸੇਵਾ ਕਰਹਿ ਸਚੁ ਨਿਰਮਲੁ ਮੰਨਿ ਵਸਾਹਿ ॥੫॥ ਸੋਹਾਗਣੀ ਸਦਾ ਪਿਰੁ ਪਾਇਆ ਹਉਮੈ ਆਪੁ ਗਵਾਇ ॥ ਪਿਰ ਸੇਤੀ ਅਨਦਿਨੁ ਗਹਿ ਰਹੀ ਸਚੀ ਸੇਜ ਸੁਖੁ ਪਾਇ ॥ ੬॥ ਮੇਰੀ ਮੇਰੀ ਕਰਿ ਗਏ ਪਲੈ ਕਿਛੁ ਨ ਪਾਇ ॥ ਮਹਲੁ ਨਾਹੀ ਡੋਹਾਗਣੀ ਅੰਤਿ ਗਈ ਪਛੁਤਾਇ ॥ ੭॥ ਸੋ ਪਿਰੁ ਮੇਰਾ ਏਕੁ ਹੈ ਏਕਸੁ ਸਿਉ ਲਿਵ ਲਾਇ ॥ ਨਾਨਕ ਜੇ ਸੁਖੁ ਲੋੜਹਿ ਕਾਮਣੀ ਹਰਿ ਕਾ ਨਾਮੁ ਮੰਨਿ ਵਸਾਇ ॥੮॥੧੧॥੩੩॥ {ਪੰਨਾ 428}

ਪਦਅਰਥ:- ਸਚਿ—ਸਦਾ-ਥਿਰ ਹਰਿ-ਨਾਮ ਵਿਚ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਘਰ ਹੀ—ਘਰਿ ਹੀ, ਘਰ ਵਿਚ ਹੀ {ਲਫ਼ਜ਼ 'ਘਰਿ' ਦੀ ਕ੍ਰਿਆ 'ਿ' ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ, ਵੇਖੋ 'ਗੁਰਬਾਣੀ ਵਿਆਕਰਣ'}। ਸਚੈ ਸਬਦਿ—ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਦੀ ਰਾਹੀਂ।1।

ਗੁਣੀ—ਗੁਣਾਂ ਦੀ ਰਾਹੀਂ। ਲਿਵ—ਲਗਨ। ਵਰੁ—ਖਸਮ। ਕਾਮਣੀ—ਜੀਵ-ਇਸਤ੍ਰੀ। ਗੁਰਿ—ਗੁਰੂ ਨੇ। ਮੇਲਿ—ਮੇਲ ਵਿਚ।1। ਰਹਾਉ।

ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ}। ਹਦੂਰਿ—ਅੰਗ-ਸੰਗ। ਭੁਲਾਇ—ਕੁਰਾਹੇ ਪੈ ਕੇ। ਰੈਣਿ—ਰਾਤ।2।

ਮਨਿ—ਮਨ ਵਿਚ। ਸਚੀ ਕਾਰ—ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੀ ਕਾਰ। ਅਨਦਿਨੁ—ਹਰ ਰੋਜ਼। ਸਹਜ—ਆਤਮਕ ਅਡੋਲਤਾ।3।

ਦੋਹਾਗਣੀ—ਮੰਦ-ਭਾਗਣਾਂ। ਬਿਖੁ—ਜ਼ਹਰ। ਖਾਹਿ—ਖਾਂਦੀਆਂ ਹਨ। ਸੇਜ—ਹਿਰਦਾ-ਸੇਜ। ਪਾਹਿ—ਪਾਂਦੀਆਂ ਹਨ।4।

ਸਦਾ—ਸਦਾ-ਥਿਰ ਰਹਿਣ ਵਾਲਾ। ਮਤੁ—ਮਤਾਂ। ਮਤੁ ਭੁਲਾਹਿ—ਕਿਤੇ ਭੁੱਲ ਨ ਜਾਈਂ। ਮੰਨਿ—ਮਨਿ, ਮਨ ਵਿਚ।5।

ਆਪੁ—ਆਪਾ-ਭਾਵ। ਸੇਤੀ—ਨਾਲ। ਗਹਿ ਰਹੀ—ਜੁੜ ਰਹੀ। ਪਾਇ—ਪਾਂਦੀ ਹੈ, ਮਾਣਦੀ ਹੈ।6।

ਪਲੈ ਕਿਛੁ ਨ ਪਾਇ—ਕੁਝ ਭੀ ਪ੍ਰਾਪਤ ਨਾਹ ਕਰ ਕੇ। ਮਹਲੁ—ਪ੍ਰਭੂ ਦੇ ਨਿਵਾਸ ਦਾ ਥਾਂ। ਅੰਤਿ—ਆਖ਼ਰ।7।

ਲਿਵ ਲਾਏ—ਸੁਰਤਿ ਜੋੜ। ਸਿਉ—ਨਾਲ। ਕਾਮਣੀ—ਹੇ ਜੀਵ-ਇਸਤ੍ਰੀ। ਮੰਨਿ—ਮਨਿ, ਮਨ ਵਿਚ।8।

ਅਰਥ:- ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜ ਲਈ ਉਸ ਨੇ ਆਪਣੇ (ਪਹਿਲੇ ਕੀਤੇ) ਔਗੁਣ ਗੁਣਾਂ ਦੀ ਬਰਕਤਿ ਨਾਲ ਬਖ਼ਸ਼ਵਾ ਲਏ, ਉਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲਿਆ, ਗੁਰੂ ਨੇ ਉਸ ਨੂੰ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ।1। ਰਹਾਉ।

ਜਿਨ੍ਹਾਂ ਸੁਹਾਗਣ ਜੀਵ-ਇਸਤ੍ਰੀਆਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਜੀਵਨ ਸੋਹਣਾ ਬਣਾ ਲਿਆ, ਉਹ ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀਆਂ ਗਈਆਂ; ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਦੀ

ਰਾਹੀਂ (ਪ੍ਰਭੂ ਦੇ ਗੁਣਾਂ ਨੂੰ) ਵਿਚਾਰ ਕੇ ਉਹਨਾਂ ਨੇ ਪ੍ਰਭੂ-ਪਤੀ ਨੂੰ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ।1।

ਜੇਹੜੀਆਂ ਜੀਵ-ਇਸਤ੍ਰੀਆਂ ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪੈ ਕੇ ਪ੍ਰਭੂ-ਪਤੀ ਨੂੰ ਅੰਗ-ਸੰਗ ਵੱਸਦਾ ਨਹੀਂ ਸਮਝਦੀਆਂ, ਉਹ ਮੰਦ-ਭਾਗਣਾਂ ਪ੍ਰਭੂ-ਪਤੀ ਨੂੰ ਨਹੀਂ ਮਿਲ ਸਕਦੀਆਂ, ਉਹਨਾਂ ਦੀ (ਜ਼ਿੰਦਗੀ ਦੀ ਸਾਰੀ) ਰਾਤ ਦੁੱਖਾਂ ਵਿਚ ਹੀ ਬੀਤ ਜਾਂਦੀ ਹੈ।2।

ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੀ ਕਾਰ ਕਮਾ ਕੇ ਜਿਨ੍ਹਾਂ ਦੇ ਮਨ ਵਿਚ ਸਦਾ-ਥਿਰ ਹਰੀ ਆ ਵੱਸਦਾ ਹੈ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋ ਕੇ ਆਤਮਕ ਅਡੋਲਤਾ ਨਾਲ ਹਰ ਵੇਲੇ ਉਸ ਪ੍ਰਭੂ ਦੀ ਸੇਵਾ-ਭਗਤੀ ਕਰਦੀਆਂ ਰਹਿੰਦੀਆਂ ਹਨ।3।

ਮੰਦ-ਭਾਗਣ ਜੀਵ-ਇਸਤ੍ਰੀਆਂ ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪੈ ਜਾਂਦੀਆਂ ਹਨ ਉਹ (ਮਾਇਆ ਦੇ ਮੋਹ ਵਾਲਾ ਹੀ) ਵਿਅਰਥ-ਬੋਲ ਬੋਲ ਕੇ (ਮਾਇਆ ਦੇ ਮੋਹ ਦਾ) ਜ਼ਹਰ ਖਾਂਦੀਆਂ ਰਹਿੰਦੀਆਂ ਹਨ (ਜੋ ਉਹਨਾਂ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ)। ਉਹ ਕਦੇ ਆਪਣੇ ਪ੍ਰਭੂ ਨਾਲ ਡੂੰਘੀ ਸਾਂਝ ਨਹੀਂ ਪਾਂਦੀਆਂ, ਉਹਨਾਂ ਦੇ ਹਿਰਦੇ ਦੀ ਸੇਜ ਸਦਾ ਖ਼ਾਲੀ ਪਈ ਰਹਿੰਦੀ ਹੈ, ਇਸ ਵਾਸਤੇ ਉਹ ਦੁੱਖ ਹੀ ਪਾਂਦੀਆਂ ਰਹਿੰਦੀਆਂ ਹਨ।4।

ਹੇ ਮੇਰੇ ਮਨ! ਮਤਾਂ ਕਿਤੇ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਏਂ (ਚੇਤਾ ਰੱਖ) ਸਦਾ ਕਾਇਮ ਰਹਿਣ ਵਾਲਾ ਸਿਰਫ਼ ਮਾਲਕ-ਪ੍ਰਭੂ ਹੀ ਹੈ। ਜੇ ਤੂੰ ਗੁਰੂ ਦੀ ਸਿੱਖਿਆ ਲੈ ਕੇ ਉਸ ਦੀ ਸੇਵਾ-ਭਗਤੀ ਕਰੇਂਗਾ, ਤਾਂ ਉਸ ਸਦਾ-ਥਿਰ ਪਵਿਤ੍ਰ ਪ੍ਰਭੂ ਨੂੰ ਆਪਣੇ ਅੰਦਰ ਵਸਾ ਲਏਂਗਾ।5।

ਚੰਗੇ ਭਾਗਾਂ ਵਾਲੀ ਜੀਵ-ਇਸਤ੍ਰੀ ਆਪਣੇ ਅੰਦਰੋਂ ਹਉਮੈ ਗਵਾ ਕੇ ਸਦਾ-ਥਿਰ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ, ਉਹ ਹਰ ਵੇਲੇ ਪ੍ਰਭੂ-ਪਤੀ ਦੇ ਚਰਨਾਂ ਨਾਲ ਜੁੜੀ ਰਹਿੰਦੀ ਹੈ, ਉਸ (ਦੇ ਹਿਰਦੇ) ਦੀ ਸੇਜ ਅਡੋਲ ਹੋ ਜਾਂਦੀ ਹੈ ਉਹ ਸਦਾ ਆਤਮਕ ਆਨੰਦ ਮਾਣਦੀ ਹੈ।6।

ਹੇ ਭਾਈ! ਜੇਹੜੇ ਬੰਦੇ ਇਹੀ ਆਖਦੇ ਆਖਦੇ ਜਗਤ ਤੋਂ ਚਲੇ ਗਏ ਕਿ ਇਹ ਮੇਰੀ ਮਾਇਆ ਹੈ ਇਹ ਮੇਰੀ ਮਲਕੀਅਤ ਹੈ ਉਹਨਾਂ ਦੇ ਹੱਥ-ਪੱਲੇ ਕੁਝ ਭੀ ਨਾਹ ਪਿਆ। ਮੰਦ-ਭਾਗਣ ਜੀਵ-ਇਸਤ੍ਰੀ ਨੂੰ ਪਰਮਾਤਮਾ ਦੇ ਚਰਨਾਂ ਵਿਚ ਟਿਕਾਣਾ ਨਹੀਂ ਮਿਲਦਾ, ਉਹ ਦੁਨੀਆ ਤੋਂ ਆਖ਼ਰ ਹੱਥ ਮਲਦੀ ਹੀ ਜਾਂਦੀ ਹੈ।7।

ਹੇ ਜੀਵ-ਇਸਤ੍ਰੀ! ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਤੀ ਸਿਰਫ਼ ਇੱਕ ਹੀ ਹੈ, ਉਸ ਇੱਕ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖ। ਹੇ ਨਾਨਕ! (ਆਖ—) ਹੇ ਜੀਵ-ਇਸਤ੍ਰੀ! ਜੇ ਤੂੰ ਸੁਖ ਹਾਸਲ ਕਰਨਾ ਚਾਹੁੰਦੀ ਹੈਂ ਤਾਂ ਉਸ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖ।8।11। 33।